# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖ਼ਬਰਾਂ ਪੰਜਾਬੀ

## 13:10

**ਮਿਤੀ :19-07-2026**

ਸੰਸਦ ਦੇ ਮਾਨਸੂਨ ਇਜਲਾਸ ਤੋਂ ਪਹਿਲਾਂ ਸਰਕਾਰ ਵੱਲੋਂ ਬੁਲਾਈ ਗਈ ਸਰਬ-ਪਾਰਟੀ ਮੀਟਿੰਗ ਅੱਜ ਸੰਸਦ ਕੰਪਲੈਕਸ ਵਿੱਚ ਸ਼ੁਰੂ ਹੋਈ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਨੇ । ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਅਤੇ ਰਾਜ ਸਭਾ ਵਿੱਚ ਸਦਨ ਦੇ ਨੇਤਾ ਜਗਤ ਪ੍ਰਕਾਸ਼ ਨੱਡਾ ਵੀ ਮੌਜੂਦ ਨੇ । ਮੀਟਿੰਗ ਸ਼ੁਰੂ ਹੋਣ ਤੋਂ ਤੁਰੰਤ ਬਾਅਦ, ਵਿਰੋਧੀ ਪਾਰਟੀਆਂ ਨੇ ਵਿਰੋਧ ਜਤਾਉਂਦਿਆਂ ਮੀਟਿੰਗ 'ਚੋ ਵਾਕਆਊਟ ਕਰ ਦਿੱਤਾ । ਆਉਣ ਵਾਲੇ ਮਾਨਸੂਨ ਇਜਲਾਸ ਦੌਰਾਨ ਕਈ ਮਹੱਤਵਪੂਰਨ ਬਿੱਲਾਂ 'ਤੇ ਚਰਚਾ ਅਤੇ ਪਾਸ ਕੀਤੇ ਜਾਣ ਦਾ ਪ੍ਰੋਗਰਾਮ ਏ । ਇਸ ਮੀਟਿੰਗ ਰਾਹੀਂ, ਸਰਕਾਰ ਸੰਸਦ ਦੇ ਦੋਵਾਂ ਸਦਨਾਂ ਦੇ ਸੁਚਾਰੂ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਸਾਰੀਆਂ ਰਾਜਨੀਤਿਕ ਪਾਰਟੀਆਂ ਤੋਂ ਸਹਿਯੋਗ ਦੀ ਮੰਗ ਕਰ ਰਹੀ ਏ ।

ਸੰਸਦ ਦਾ ਮਾਨਸੂਨ ਇਜਲਾਸ ਕੱਲ੍ਹ ਤੋਂ ਸ਼ੁਰੂ ਹੋ ਰਿਹਾ ਏ ਅਤੇ ਅਗਲੇ ਮਹੀਨੇ ਦੀ 13 ਤਰੀਕ ਤੱਕ ਜਾਰੀ ਰਹੇਗਾ। ਕੇਂਦਰੀ ਖੁਰਾਕ ਪ੍ਰੋਸੈਸਿੰਗ ਉਦਯੋਗ ਮੰਤਰੀ ਅਤੇ ਲੋਕ ਜਨਸ਼ਕਤੀ ਪਾਰਟੀ (ਰਾਮਵਿਲਾਸ) ਦੇ ਰਾਸ਼ਟਰੀ ਪ੍ਰਧਾਨ ਚਿਰਾਗ ਪਾਸਵਾਨ ਅੱਜ ਗੁਰੂ ਨਗਰੀ ਅੰਮ੍ਰਿਤਸਰ ਪਹੁੰਚੇ। ਉਨ੍ਹਾਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ, ਦੇਸ਼ ਦੀ ਖੁਸ਼ਹਾਲੀ ਅਤੇ ਪੰਜਾਬ ਦੀ ਤਰੱਕੀ ਲਈ ਅਰਦਾਸ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚਿਰਾਗ ਪਾਸਵਾਨ ਨੇ ਕਿਹਾ ਕਿ ਜਦੋਂ ਵੀ ਉਹ ਸ੍ਰੀ ਦਰਬਾਰ ਸਾਹਿਬ ਮੱਥਾ ਟੇਕਣ ਆਉਂਦੇ ਹਨ ਤਾਂ ਉਨ੍ਹਾਂ ਨੂੰ ਇੱਕ ਵਿਲੱਖਣ ਆਤਮਿਕ ਸ਼ਕਤੀ ਅਤੇ ਸਕਾਰਾਤਮਕ ਊਰਜਾ ਦੀ ਪ੍ਰਾਪਤੀ ਹੁੰਦੀ ਏ । ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਉਹ ਅਧਿਕਾਰ ਅਤੇ ਵਿਕਾਸ ਨਹੀਂ ਮਿਲਿਆ ਜਿਸ ਦੇ ਉਹ ਹੱਕਦਾਰ ਸਨ। ਉਨ੍ਹਾਂ ਕਿਹਾ ਕਿ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਉਮੀਦਾਂ ਅਨੁਸਾਰ ਕੰਮ ਨਹੀਂ ਹੋਇਆ, ਜਦਕਿ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਗੰਭੀਰ ਸਮੱਸਿਆ ਵਿੱਚ ਉਲਝਾ ਕੇ ਰੱਖਿਆ ਗਿਆ ਏ । BYTE: ਚਿਰਾਗ ਪਾਸਵਾਨ,

------------------------------------

ਭਾਰਤ ਦੇ ਚੀਫ਼ ਜਸਟਿਸ ਜਸਟਿਸ ਸੂਰਿਆ ਕਾਂਤ ਨੇ ਕੱਲ ਪੰਜਾਬ ਵਿੱਚ ਨੌਜਵਾਨ ਸੁਧਾਰ ਅਤੇ ਮੁੜ-ਵਸੇਬਾ ਮੁਹਿੰਮ ਦੀ ਸ਼ੁਰੂਆਤ ਕੀਤੀ, ਜੋ ਕਿ ਨੌਜਵਾਨਾਂ ਵਿੱਚ ਨਸ਼ਿਆਂ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਵੱਡੀ ਸੂਬਾ ਪੱਧਰੀ ਪਹਿਲਕਦਮੀ ਏ । ਇਸ ਮੁਹਿੰਮ ਦਾ ਉਦਘਾਟਨ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਕਾਰਜਕਾਰੀ ਚੀਫ਼ ਜਸਟਿਸ ਅਤੇ ਹਾਈ ਕੋਰਟ ਦੇ ਜੱਜਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ। ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਬੁਲਾਰੇ ਨੇ ਦੱਸਿਆ ਕਿ ਇਹ ਤਿਮਾਹੀ ਮੁਹਿੰਮ 31 ਅਕਤੂਬਰ, ਤੱਕ ਸਾਰੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਆਂ ਰਾਹੀਂ ਮਿਸ਼ਨ ਮੋਡ ਵਿੱਚ ਚਲਾਈ ਜਾਵੇਗੀ। ਬੁਲਾਰੇ ਨੇ ਦੱਸਿਆ ਕਿ ਮੁਹਿੰਮ ਦਾ ਉਦੇਸ਼ ਮੁੜ-ਵਸੇਬਾ ਸਹੂਲਤਾਂ ਰਾਹੀਂ ਨਸ਼ੀਲੇ ਪਦਾਰਥਾਂ ਦੀ ਵਰਤੋਂ ਨੂੰ ਰੋਕਣਾ, ਇਲਾਜ ਤੱਕ ਆਸਾਨ ਪਹੁੰਚ ਯਕੀਨੀ ਬਣਾਉਣ ਦੇ ਨਾਲ-ਨਾਲ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਨੂੰ ਸਿਹਤਮੰਦ ਅਤੇ ਨਸ਼ਾ ਮੁਕਤ ਜੀਵਨ ਜਿਉਣ ਲਈ ਉਤਸ਼ਾਹਿਤ ਕਰਨਾ ਏ । ਬੁਲਾਰੇ ਨੇ ਦੱਸਿਆ ਕਿ ਨਸ਼ਿਆਂ ਤੋਂ ਪੀੜਤ ਵਿਅਕਤੀਆਂ ’ਤੇ ਵਿਸ਼ੇਸ਼

ਧਿਆਨ ਦਿੱਤਾ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਸਨਮਾਨ ਨਾਲ ਨਸ਼ੇ ’ਤੇ ਕਾਬੂ ਪਾਉਣ ਵਿੱਚ ਸਹਿਯੋਗ ਦਿੱਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਲਈ ਤਿੰਨ-ਗੇੜ ਦੀ ਯੋਜਨਾ ਤਿਆਰ ਕੀਤੀ ਗਈ ਏ । ਸਿਹਤ ਵਿਭਾਗ, ਜੇਲ੍ਹ ਵਿਭਾਗ, ਸਿੱਖਿਆ ਅਤੇ ਹੁਨਰ ਵਿਕਾਸ ਏਜੰਸੀਆਂ, ਪੁਲਿਸ, ਸਿਵਲ ਸੁਸਾਇਟੀ ਅਤੇ ਮੋਹਤਬਾਰ ਆਗੂਆਂ ਦੀ ਸ਼ਮੂਲੀਅਤ ਵਾਲੇ ਬਹੁ-ਖੇਤਰੀ ਨੈੱਟਵਰਕ ਵੱਲੋਂ ਇਹ ਮੁਹਿੰਮ ਲਾਗੂ ਕੀਤੀ ਜਾਵੇਗੀ।

---------------------------------------------

ਪੰਜਾਬ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਜਤਿੰਦਰ ਸਿੰਘ ਸ਼ੰਟੀ ਨੇ ਕੱਲ ਪੰਜਾਬ ਭਰ ਵਿੱਚ ਜਨਤਕ ਸੁਣਵਾਈ ਕੈਂਪਾਂ ਦੀ ਲੜੀ ਤਹਿਤ ਕਰਤਾਰਪੁਰ ਸਥਿਤ ਜੰਗ-ਏ-ਆਜ਼ਾਦੀ ਯਾਦਗਾਰ ਵਿਖੇ ਲੋਕਾਂ ਦੀਆਂ ਸ਼ਿਕਾਇਤਾਂ ਦੀ ਸੁਣਵਾਈ ਕੀਤੀ । ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਸ਼ਿਕਾਇਤਾਂ ਦੇ ਤੁਰੰਤ ਤੇ ਢੁੱਕਵੇਂ ਨਿਪਟਾਰੇ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ। ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਦਾ ਮੁੱਖ ਉਦੇਸ਼ ਮਨੁੱਖੀ

ਅਧਿਕਾਰਾਂ ਦੀ ਰਾਖੀ, ਜਾਗਰੂਕਤਾ ਅਤੇ ਪੀੜਤਾਂ ਨੂੰ ਸਮੇਂ ਸਿਰ ਨਿਆਂ ਦਿਵਾਉਣਾ ਏ। ਉਨ੍ਹਾਂ ਕਿਹਾ ਕਿ ਨਿਆਂ ਨੂੰ ਜ਼ਮੀਨੀ ਪੱਧਰ ਤੱਕ ਯਕੀਨੀ ਬਣਾਉਣ ਲਈ ਜ਼ਿਲ੍ਹਾ ਪੱਧਰੀ 'ਕੋਰ ਗਰੁੱਪ' ਬਣਾਏ ਗਏ ਨੇ ।

ਸ਼੍ਰੀ ਸ਼ੰਟੀ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਜਾਰੀ ਸਲਾਹ ਮੁਤਾਬਿਕ ਕੋਈ ਵੀ ਹਸਪਤਾਲ ਬਕਾਇਆ ਬਿੱਲ ਕਾਰਨ ਮ੍ਰਿਤਕ ਦੇਹ ਨੂੰ ਰੋਕ ਕੇ ਨਹੀਂ ਰੱਖ ਸਕਦਾ। ਪੰਜਾਬ ਸਰਕਾਰ ਵੱਲੋਂ ਇਸ ਸਬੰਧੀ ਲੋੜੀਂਦੇ ਹੁਕਮ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਹੁਕਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾਵੇ। ਊਨਾ ਕਿਹਾ ਕਿ ਕਮਿਸ਼ਨ ਵੱਲੋਂ ਵਟਸਐਪ ਹੈਲਪਲਾਈਨ 98554-75547 ਜਾਰੀ ਕੀਤੀ ਗਈ ਏ। ਜੇਕਰ ਕਿਸੇ ਵਿਅਕਤੀ ਦੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੁੰਦੀ ਏ ਤਾਂ ਉਹ ਇਸ ਹੈਲਪਲਾਈਨ ਨੰਬਰ ’ਤੇ ਵਟਸਐਪ ਰਾਹੀਂ ਸ਼ਿਕਾਇਤ ਦਰਜ ਕਰਵਾ ਸਕਦਾ ਏ।

---

ਜੰਮੂ-ਕਸ਼ਮੀਰ ਦੇ ਕਟੜਾ ਅਤੇ ਤ੍ਰਿਕੁਟਾ ਪਹਾੜੀਆਂ ਵਿੱਚ ਖਰਾਬ ਮੌਸਮ

ਕਾਰਨ ਸ਼੍ਰੀ ਮਾਤਾ ਵੈਸ਼ਨੋ ਦੇਵੀ ਯਾਤਰਾ ਨੂੰ ਮੁਲਤਵੀ ਕਰ ਦਿੱਤਾ ਗਿਆ ਏ । ਸ਼ਰਾਈਨ ਬੋਰਡ ਦੇ ਇੱਕ ਅਧਿਕਾਰਤ ਨੋਟੀਫਿਕੇਸ਼ਨ ਮੁਤਾਬਿਕ ਖਰਾਬ ਮੌਸਮ ਦੇ ਮੱਦੇਨਜ਼ਰ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਵਧਾਨੀ ਦੇ ਉਪਾਅ ਵਜੋਂ ਯਾਤਰਾ ਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ ਗਿਆ ਏ । ਸ਼ਰਧਾਲੂਆਂ ਨੂੰ ਯਾਤਰਾ ਦੀ ਮੁੜ ਸ਼ੁਰੂਆਤ ਬਾਰੇ ਅਧਿਕਾਰਤ ਚੈਨਲਾਂ ਰਾਹੀਂ ਅਪਡੇਟ ਰਹਿਣ ਦੀ ਸਲਾਹ ਦਿੱਤੀ ਗਈ ਏ । ਮੌਸਮ ਵਿੱਚ ਸੁਧਾਰ ਹੋਣ ਅਤੇ ਯਾਤਰਾ ਲਈ ਰਸਤਾ ਸੁਰੱਖਿਅਤ ਹੋਣ ਤੋਂ ਬਾਅਦ ਯਾਤਰਾ ਮੁੜ ਸ਼ੁਰੂ ਹੋਣ ਦੀ ਉਮੀਦ ਏ । ਅਧਿਕਾਰੀ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਹੇ ਨੇ । ਆਉਣ ਵਾਲੇ ਦਿਨਾਂ ਵਿੱਚ ਖੇਤਰ ਵਿੱਚ ਭਾਰੀ ਗਰਜ ਚਮਕ ਦੇ ਨਾਲ-ਨਾਲ ਵਿਆਪਕ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਗਈ ਏ । ਓਧਰ ਲੱਦਾਖ ਵਿਚ ਬੀਤੇ ਦਿਨੀ ਕਾਰਗਿਲ ਜ਼ਿਲ੍ਹੇ ਦੇ ਸੰਗਰਾ ਪਿੰਡ ਵਿੱਚ ਅਚਾਨਕ ਆਏ ਹੜ੍ਹ ਨੇ ਭਾਰੀ ਨੁਕਸਾਨ ਪਹੁੰਚਾਇਆ ਏ । ਇਸ ਹੜ੍ਹ ਕਾਰਨ ਕਾਰਗਿਲ-ਜਾਸ਼ਕਰ  ਰਾਸ਼ਟਰੀ ਰਾਜਮਾਰਗ-301 ਬੰਦ ਕਰ ਦਿੱਤਾ ਗਿਆ ਏ । ਪ੍ਰਸ਼ਾਸਨ ਨੇ ਯਾਤਰੀਆਂ, ਨਿਵਾਸੀਆਂ ਅਤੇ ਸੈਲਾਨੀਆਂ ਨੂੰ ਸਲਾਹ ਦਿੱਤੀ

ਏ ਕਿ ਜਦੋਂ ਤੱਕ ਸੜਕ ਦੁਬਾਰਾ ਖੋਲ੍ਹਣ ਦਾ ਅਧਿਕਾਰਤ ਐਲਾਨ ਨਹੀਂ ਹੋ ਜਾਂਦਾ, ਪ੍ਰਭਾਵਿਤ ਰੂਟਾਂ 'ਤੇ ਯਾਤਰਾ ਕਰਨ ਤੋਂ ਬਚਣ।

---

ਮੌਸਮ ਵਿਭਾਗ ਨੇ ਅੱਜ ਕਈ ਸੂਬਿਆਂ ਵਿੱਚ ਭਾਰੀ ਮੀਂਹ ਦੀ ਚੇਤਾਵਨੀ ਜਾਰੀ ਕੀਤੀ ਏ। ਉੱਤਰਾਖੰਡ ਵਿੱਚ ਭਾਰੀ ਮੀਂਹ ਦੀ ਸੰਭਾਵਨਾ ਦੇ ਮੱਦੇਨਜ਼ਰ, ਰੈੱਡ ਅਲਰਟ ਜਾਰੀ ਕੀਤਾ ਗਿਆ ਏ। ਰਾਜ ਦੇ ਕਈ ਹਿੱਸਿਆਂ ਵਿੱਚ ਲਗਾਤਾਰ ਮੀਂਹ ਪੈ ਰਿਹਾ ਏ, ਜਿਸ ਨਾਲ ਮੁੱਖ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵੱਧ ਗਿਆ ਏ। ਓਧਰ ਹਿਮਾਚਲ ਪ੍ਰਦੇਸ਼ ਵਿੱਚ ਪਿਛਲੀ ਰਾਤ ਤੋਂ ਕਈ ਇਲਾਕਿਆਂ ਵਿੱਚ ਰੁਕ-ਰੁਕ ਕੇ ਬਾਰਿਸ਼ ਹੋ ਰਹੀ ਏ. ਸ਼ਿਮਲਾ ਦੇ ਮੌਸਮ ਕੇਂਦਰ ਨੇ 21 ਜੁਲਾਈ ਤੱਕ ਰਾਜ ਦੇ ਕਈ ਜ਼ਿਲ੍ਹਿਆਂ ਵਿੱਚ ਭਾਰੀ ਬਾਰਿਸ਼ ਲਈ, ORANGE ਅਤੇ RED ਅਲਰਟ ਜਾਰੀ ਕੀਤਾ ਏ।
ਕੱਲ੍ਹ ਤੱਕ ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼ ਅਤੇ ਬਿਹਾਰ ਸਮੇਤ ਕਈ ਰਾਜਾਂ ਵਿੱਚ ਮੀਂਹ ਪੈਣ ਦੀ ਵੀ ਸੰਭਾਵਨਾ ਏ।

---

ਦੋ ਵਾਰ ਓਲੰਪਿਕ ਤਗਮਾ ਜੇਤੂ ਪੀ.ਵੀ. ਸਿੰਧੂ ਨੇ ਪਹਿਲੀ ਵਾਰ ਜਾਪਾਨ ਓਪਨ ਬੈਡਮਿੰਟਨ ਟੂਰਨਾਮੈਂਟ ਜਿੱਤ ਲਿਆ ਏ । ਉਹ ਇਹ ਖਿਤਾਬ ਜਿੱਤਣ ਵਾਲੀ ਪਹਿਲੀ ਭਾਰਤੀ ਖਿਡਾਰਨ ਏ। ਫਾਈਨਲ ਵਿੱਚ, ਸਿੰਧੂ ਨੇ ਤਿੰਨ ਵਾਰ ਦੀ ਵਿਸ਼ਵ ਚੈਂਪੀਅਨ ਜਾਪਾਨ ਦੀ ਅਕਾਨੇ ਯਾਮਾ-ਗੁਛੀ ਨੂੰ ਸਿੱਧੇ ਸੈੱਟਾਂ ਵਿੱਚ 21-17, 21-17 ਨਾਲ ਹਰਾਇਆ। ਸਿੰਧੂ ਨੇ ਦੋ ਸਾਲਾਂ ਤੋਂ ਵੱਧ ਸਮੇਂ ਦੇ ਵਕਫ਼ੇ ਤੋਂ ਬਾਅਦ ਸੁਪਰ 750 ਟੂਰਨਾਮੈਂਟ ਦਾ ਖਿਤਾਬ ਜਿੱਤਿਆ। ਇਸ ਤੋਂ ਪਹਿਲਾਂ, ਉਨ੍ਹਾਂ 2024 ਵਿੱਚ ਸਈਦ ਮੋਦੀ ਅੰਤਰਰਾਸ਼ਟਰੀ ਬੈਡਮਿੰਟਨ ਟੂਰਨਾਮੈਂਟ ਜਿੱਤਿਆ ਸੀ। ਪੀਵੀ ਸਿੰਧੂ ਜਾਪਾਨ ਓਪਨ ਦੇ ਫਾਈਨਲ ਵਿੱਚ ਪਹੁੰਚਣ ਵਾਲੀ ਪਹਿਲੀ ਭਾਰਤੀ ਮਹਿਲਾ ਖਿਡਾਰਨ ਏ । ਉਨ੍ਹਾਂ ਸੈਮੀਫਾਈਨਲ ਵਿੱਚ ਚੇਨ ਯੂ-ਫੇਈ ਨੂੰ ਹਰਾਇਆ।